Dispatch No. I/26698/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਯੂ.ਪੀ. ਨਾਲ ਸਬੰਧਤ 223 ਲੋਕ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਰਾਹੀਂ ਫਿਰੋਜ਼ਪੁਰ ਭੇਜੇ ਗਏ

## ਰੇਲਵੇ ਸਟੇਸ਼ਨ ਫਿਰੋਜ਼ਪੁਰ ਛਾਉਣੀ ਤੋਂ ਵਿਸ਼ੇਸ਼ ਰੇਲ ਗੱਡੀਆਂ ਰਾਹੀਂ ਯੂ.ਪੀ. ਲਈ ਰਵਾਨਾ

## ਮਜ਼ਦੂਰਾਂ ਨੇ ਵਿਸ਼ੇਸ਼ ਰੇਲ ਗੱਡੀਆਂ ਲਈ ਅਤੇ ਖਾਣੇ ਦੇ ਵਧੀਆ ਪ੍ਰਬੰਧ ਲਈ ਪੰਜਾਬ ਸਰਕਾਰ, ਜਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ

ਫਰੀਦਕੋਟ 21 ਮਈ ( ) ਪੰਜਾਬ ਸਰਕਾਰ ਵੱਲੋਂ ਦੂਜੇ ਰਾਜਾਂ ਦੇ ਵਸਨੀਕਾਂ ਜੋ ਕਰਫਿਊ/ਲਾਕਡਾਊਨ ਦੌਰਾਨ ਰਾਜ ਵਿੱਚ ਰਹਿ ਗਏ ਸਨ ਅਤੇ ਉਨ੍ਹਾਂ ਨੂੰ ਮੁੜ ਉਨ੍ਹਾਂ ਦੀ ਇੱਛਾ ਅਨੁਸਾਰ ਵਾਪਸ ਉਨ੍ਹਾਂ ਦੇ ਗ੍ਰਹਿ ਰਾਜਾਂ ਵਿੱਚ ਭੇਜਣ ਲਈ ਆਰੰਭੀ ਗਈ ਮੁਹਿੰਮ ਜੰਗੀ ਪੱਧਰ ਤੇ ਜਾਰੀ ਹੈ ਤੇ ਰੋਜ਼ਾਨਾ ਰਾਜ ਦੇ ਵੱਖ ਵੱਖ ਹਿੱਸਿਆ ਵਿਚੋਂ ਵਿਸ਼ੇਸ਼ ਰੇਲ ਗੱਡੀਆਂ ਰਾਹੀਂ ਇਨ੍ਹਾਂ ਮਜ਼ਦਰਾਂ ਨੂੰ ਉਨ੍ਹਾਂ ਦੇ ਪਿੱਤਰੀ ਰਾਜਾਂ ਵਿੱਚ ਵਾਪਸ ਭੇਜਿਆ ਜਾ ਰਿਹਾ ਹੈ। ਇਸੇ ਲੜੀ ਤਹਿਤ ਫਰੀਦਕੋਟ ਜਿਲ੍ਹਾ ਪ੍ਰਸ਼ਾਸਨ ਵੱਲੋਂ ਹੁਣ ਤੱਕ ਉਤਰਾਖੰਡ, ਝਾਰਖੰਡ, ਯੂ.ਪੀ., ਰਾਜਸਥਾਨ, ਜੰਮੂ ਕਸ਼ਮੀਰ , ਮੱਧ ਪ੍ਰਦੇਸ਼ ਸਮੇਤ ਹੋਰ ਰਾਜਾਂ ਲਈ ਵਿਸ਼ੇਸ਼ ਬੱਸਾਂ ਅਤੇ ਰੇਲ ਗੱਡੀਆਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਗ੍ਰਹਿ ਜਿਲ੍ਹਿਆਂ ਤੱਕ ਪਹੁੰਚਾਉਣ ਵਿੱਚ ਮਦਦ ਕੀਤੀ ਜਾ ਰਹੀ ਹੈ।

ਜਿਲ੍ਹਾ ਪ੍ਰਸ਼ਾਸਨ ਫਰੀਦਕੋਟ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਅੱਜ ਫਿਰ ਯੂ.ਪੀ. ਨਾਲ ਸਬੰਧਤ 223 ਲੋਕਾਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਤੱਕ ਪਹੁੰਚਾਇਆ ਗਿਆ ਜਿੱਥੋਂ 2 ਵੱਖ ਵੱਖ ਸ੍ਰਮਿਕ ਟਰੇਨਾਂ ਰਾਹੀਂ ਇਨ੍ਹਾਂ ਰਾਜਾਂ ਦੇ ਮਜ਼ਦੂਰਾਂ ਤੇ ਹੋਰ ਲੋਕਾਂ ਨੂੰ ਵਾਪਸ ਉਨ੍ਹਾਂ ਦੇ ਘਰ ਭੇਜਿਆ ਗਿਆ ਹੈ। ਫਿਰੋਜ਼ਪੁਰ ਛਾਉਣੀ ਤੋਂ ਚੱਲਣ ਵਾਲੀ ਪਹਿਲੀ ਟਰੇਨ ਬਰੇਲੀ ਤੱਕ ਜਾਵੇਗੀ ਅਤੇ ਇਸ ਦਾ ਇਕ ਸਟਾਪੇਜ਼ ਮੁਰਾਦਾਬਾਦ ਵਿਖੇ ਹੋਵੇਗਾ। ਇਸ ਟਰੇਨ ਵਿੱਚ ਬਦਾਯੂ, ਬਰੇਲੀ, ਪੀਲੀਭੀਤ, ਸ਼ਾਹਜਹਾਨਪੁਰ, ਬਿਜਨੌਰ, ਅਗਰੋਹਾ, ਰਾਮਪੁਰ ਤੇ ਸਾਂਭਲ ਆਦਿ ਜਿਲ੍ਹਿਆਂ ਦੇ ਲੋਕ ਵਾਪਸ ਆਪਣੇ ਘਰਾਂ ਨੂੰ ਜਾ ਰਹੇ ਹਨ। ਇਸੇ ਤਰ੍ਹਾਂ ਫਿਰੋਜ਼ਪੁਰ ਛਾਉਣੀ ਤੋਂ ਜਾ ਰਹੀ ਦੂਜੀ ਸ੍ਰਮਿਕ ਰੇਲ ਵਾਰਾਨਸੀ ਤੱਕ ਜਾਵੇਗੀ ਅਤੇ ਇਸ ਦਾ ਇਕ ਸਟਾਪੇਜ਼ ਪਰਿਯਾਂਗ ਰਾਜ ਵਿਖੇ ਵੀ ਹੋਵੇਗਾ। ਇਸ ਟਰੇਨ ਵਿੱਚ ਫਤਹਿਪੁਰ, ਕੋਸ਼ੰਬੀ, ਪ੍ਰਤਾਪਗੜ੍ਹ, ਵਾਰਾਨਸੀ, ਚੰਦੋਲੀ, ਗਾਜੀਪੁਰ ਅਤੇ ਜੋਨਪੁਰ ਆਦਿ ਜ਼ਿਲ੍ਹਿਆਂ ਦੇ ਲੋਕ ਵਾਪਸ ਆਪਣੇ ਘਰਾਂ ਨੂੰ ਜਾ ਰਹੇ ਹਨ।

ਇਨ੍ਹਾਂ ਮਜ਼ਦੂਰਾਂ ਜੋ ਕਿ ਲਾਕਡਾਊਨ ਦੌਰਾਨ ਫਰੀਦਕੋਟ, ਕੋਟਕਪੂਰਾਂ ਅਤੇ ਜੈਤੋ ਆਦਿ ਇਲਾਕਿਆਂ ਵਿੱਚ ਰਹਿ ਰਹੇ ਸਨ ਨੂੰ ਅੱਜ ਪੀ.ਆਰ.ਟੀ.ਸੀ. ਦੀਆਂ ਸਪੈਸ਼ਲ ਬੱਸਾਂ ਰਾਹੀਂ ਫਰੀਦਕੋਟ ਤੋਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਛਾਉਣੀ ਤੱਕ ਛੱਡਿਆ ਗਿਆ ਅਤੇ ਇਨ੍ਹਾਂ ਨੂੰ ਜਿਲ੍ਹਾ ਪ੍ਰਸ਼ਾਸਨ ਵੱਲੋਂ 2 ਵਕਤ ਦਾ ਪੈਕਿੰਗ ਖਾਣਾ ਅਤੇ ਹੋਰ ਸਮਾਨ ਦਿੱਤਾ ਗਿਆ । ਵਾਪਸ ਆਪਣੇ ਘਰਾਂ ਨੂੰ ਜਾ ਰਹੇ ਵੱਡੀ ਗਿਣਤੀ ਵਿੱਚ ਮਜ਼ਦੂਰਾਂ ਨੇ ਉਨ੍ਹਾਂ ਨੂੰ ਕਰਫਿਊ ਦੌਰਾਨ ਜਿਲ੍ਹਾ ਪ੍ਰਸ਼ਾਸਨ ਵੱਲੋਂ ਮੁਹੱਈਆ ਕਰਵਾਈ ਗਈ ਰਿਹਾਇਸ਼, ਲੰਗਰ ਤੇ ਹੋਰ ਸਹੂਲਤਾਂ ਸਮੇਤ ਵਾਪਸੀ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਬੱਸਾਂ, ਰੇਲਾਂ ਦਾ ਪ੍ਰਬੰਧ ਕਰਨ ਤੇ ਮੁੱਖ ਮੰਤਰੀ ਅਤੇ ਜਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ । ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਜਿਲ੍ਹਾ ਪ੍ਰਸ਼ਾਸਨ ਵੱਲੋਂ ਸਫਰ ਦੌਰਾਨ 2 ਵਕਤ ਦਾ ਖਾਣਾ ਅਤੇ ਹੋਰ ਖਾਣ ਪੀਣ ਦੀਆਂ ਚੀਜ਼ਾਂ ਵੀ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਉਹ ਹਾਲਾਤ ਆਮ ਵਰਗੇ ਹੋਣ ਤੇ ਉਹ ਫਿਰ ਆਪਣੇ ਕੰਮ ਧੰਦੇ ਵਿੱਚ ਲੱਗਣਗੇ।

Dispatch No. I/26705/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫ਼ਰੀਦਕੋਟ

ਕਰਫ਼ਿਊ ਉਪਰੰਤ ਆਮ ਵਾਂਗ ਸ਼ੁਰੂ ਹੋਣ ਲੱਗਾ ਜਨਜੀਵਨ

ਲੋਕਾਂ ਨੇ ਆਪਣੇ ਰੁਜ਼ਗਾਰ ਤੇ ਰੋਜ਼ਮਰਾ ਦੇ ਕੰਮ ਧੰਦੇ ਪਹਿਲਾਂ ਵਾਂਗ ਸ਼ੁਰੂ ਕੀਤੇ

ਜਿਆਦਾਤਰ ਦਫ਼ਤਰ .ਦੁਕਾਨਾਂ ਕਾਰਖਾਨੇ, ਬੈਂਕ, ਮੰਡੀਆਂ ਆਮ ਵਾਂਗ ਖੁੱਲ੍ਹਣ ਲੱਗੀਆਂ

ਕੰਮ ਤੇ ਜਾਂ ਘਰੋਂ ਬਾਹਰ ਨਿਕਲਣ ਵੇਲੇ ਸਮਾਜਿਕ ਦੂਰੀ ਬਣਾਈ ਰੱਖਣ ,ਮਾਸਕ ਪਾਉਣ ਦੇ ਵਿਸ਼ੇਸ਼ ਆਦੇਸ਼

ਸਮਾਜ ਦੇ ਸਾਰੇ ਵਰਗਾਂ ਵੱਲੋਂ ਸਰਕਾਰ ਦੇ ਫੈਸਲੇ ਦਾ ਸਵਾਗਤ

ਫ਼ਰੀਦਕੋਟ 21 ਮਈ (                ) ਕਰੋਨਾ ਵਰਗੀ ਭਿਆਨਕ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਅਤੇ ਇਸ ਦੇ ਪ੍ਰਭਾਵ ਨੂੰ ਘੱਟ ਕਰਨ ਲਈ ਪੰਜਾਬ ਵਿੱਚ 23 ਮਾਰਚ  ਤੋਂ ਲੱਗੇ ਕਰਫਿਊ ਅਤੇ 17 ਮਈ ਉਪਰੰਤ ਮੁੱਖ ਮੰਤਰੀ ਵੱਲੋਂ ਕਰਫਿਊ ਨੂੰ ਲਾਕਡਾਨ ( ਤਾਲਾਬੰਦੀ ) ਵਿੱਚ ਬਦਲਣ ਅਤੇ ਲੋਕਾਂ ਨੂੰ ਆਪਣੇ ਰੋਜ਼ਮਰਾ ਦੇ ਕੰਮਾਂ, ਜ਼ਰੂਰੀ ਵਸਤਾਂ ਦੀ ਖਰੀਦੋ ਫਰੋਕਤ ,ਜ਼ਰੂਰੀ ਸਾਮਾਨ ਦੀ ਸਪਲਾਈ ,ਖੇਤੀਬਾੜੀ ਸਮੇਤ ਉਦਯੋਗ ਅਤੇ ਹੋਰ ਸੈਕਟਰਾਂ ਨੂੰ ਕੰਮ ਕਰਨ ਲਈ ਵੱਡੀ ਰਾਹਤ ਦਿੱਤੀ ਗਈ ਹੈ ।ਜਿਸ ਮਗਰੋਂ ਸਮੁੱਚੀ ਜ਼ਿੰਦਗੀ ਮੁੜ ਆਪਣੀ ਪਟੜੀ ਤੇ ਆਉਣੀ ਸ਼ੁਰੂ ਹੋ ਗਈ ਹੈ ਅਤੇ ਲੋਕਾਂ ਨੇ ਆਪਣੇ ਰੋਜ਼ਮਰਾ ਦੇ ਕੰਮਾਂ ਨੂੰ ਮੁੜ ਤੋਂ ਮਿੱਥੇ ਸਮੇਂ ਵਿੱਚ ਕਰਨਾ ਸ਼ੁਰੂ ਕਰ ਦਿੱਤਾ ਹੈ ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਕੇਂਦਰ ਅਤੇ ਰਾਜ ਸਰਕਾਰ ਦੀਆਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਅਨੁਸਾਰ ਲਾਕਡਾਊਨ ਵਿੱਚ ਛੋਟਾਂ ਦੌਰਾਨ ਲੋਕਾਂ ਨੂੰ ਸਮਾਜਕ ਦੂਰੀ ਬਣਾਈ ਰੱਖਣ ਅਤੇ ਸਿਹਤ ਵਿਭਾਗ ਤੇ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ ।ਇਸ ਤੋਂ ਇਲਾਵਾ ਰਾਤ ਸਮੇਂ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਕਰਫਿਊ ਨੂੰ ਜਿਉਂ ਦਾ ਤਿਉਂ ਜਾਰੀ ਰੱਖਿਆ ਗਿਆ ਹੈ ਤਾਂ ਜੋ ਲੋਕਾਂ ਦੀ ਮੂਵਮੈਂਟ ਰਾਤ ਸਮੇਂ ਨਾ ਹੋਵੇ ।ਲੋਕਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਜ਼ਰੂਰੀ ਕੰਮਾਂ ਲਈ ਹੀ ਘਰਾਂ ਤੋਂ ਬਾਹਰ ਨਿਕਲਣ ।ਲੋਕਾਂ ਨੂੰ ਸਮਾਜਿਕ ਦੂਰੀ ਤੇ ਹੋਰ ਨਿਯਮਾਂ ਦੀ ਪਾਲਣਾ ਤੋਂ ਇਲਾਵਾ ਸਰਕਾਰ ਵੱਲੋਂ ਮਾਸਕ ਪਾਉਣਾ ਵੀ ਜ਼ਰੂਰੀ ਕਰਾਰ ਦਿੱਤਾ ਗਿਆ ਹੈ ਤੇ ਇਸ ਸਬੰਧੀ ਲੋਕਾਂ ਨੂੰ ਸਮੇਂ ਸਮੇਂ ਤੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ ।ਪਿੰਡਾਂ ਤੋਂ ਲੈ ਕੇ ਸ਼ਹਿਰਾਂ ਕਸਬਿਆਂ ਵਿੱਚ ਜਨ ਜੀਵਨ ਹੁਣ ਆਮ ਵਾਂਗ ਹੋਣਾ ਸ਼ੁਰੂ ਹੋ ਰਿਹਾ ਹੈ।ਸਰਕਾਰ ਵੱਲੋਂ ਵੱਖ ਵੱਖ ਰੂਟਾਂ ਤੇ ਰਾਜ ਅੰਦਰ ਬੱਸਾਂ ਦੀ ਆਵਾਜਾਈ ਮੁੜ ਤੋਂ ਬਹਾਲ ਕਰ ਦਿੱਤੀ ਗਈ ਹੈ ਤੇ ਇਸ ਵਿੱਚ ਕਰੋਨਾ ਤੋਂ ਬਚਾਓ ਲਈ ਖਾਸ ਇਤਿਹਾਤ ਅਤੇ ਸਮਾਜਿਕ ਦੂਰੀ ਦਾ ਵੀ ਖਿਆਲ ਰੱਖਿਆ ਜਾ ਰਿਹਾ ਹੈ ।ਸਵਾਰੀਆਂ ਨੂੰ ਇੱਕ ਸਟੇਸ਼ਨ ਤੋਂ ਦੂਜੇ ਸਟੇਸ਼ਨ ਤੇ ਲਿਜਾਇਆ ਜਾ ਰਿਹਾ ਹੈ ਪਰ ਰਸਤੇ ਵਿੱਚ ਬੱਸਾਂ ਰੋਕਣ ਅਤੇ ਸਵਾਰੀਆਂ ਨੂੰ ਚੜ੍ਹਾਉਣ -ਲਾਹੁਣ ਦੀ ਮਨਾਹੀ ਕੀਤੀ ਗਈ ਹੈ ।ਫ਼ਰੀਦਕੋਟ ਕੋਟਕਪੂਰਾ ਜੈਤੋ ਸਾਦਿਕ ਬਾਜਾਖਾਨਾ ਦੇ ਬਾਜ਼ਾਰਾਂ ਵਿੱਚ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਸੋਮਵਾਰ ਤੋ ਸ਼ਨੀਵਾਰ ਤੱਕ ਖੁੱਲ੍ਹਣ ਦਾ ਦਿਨ ਨਿਰਧਾਰਿਤ ਕੀਤੇ ਗਏ ਹਨ, ਜਦ ਕਿ ਗੈਰ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਨੂੰ ਹਫ਼ਤੇ ਵਿੱਚ ਗਿਣਵੇਂ ਦਿਨ ਵਾਰ ਖੋਲ੍ਹਣ ਦੇ ਆਦੇਸ਼ ਜਾਰੀ ਕੀਤੇ ਗਏ ਹਨ ।ਪੈਟਰੋਲ ਪੰਪ ਆਮ ਵਾਂਗ ਖੁੱਲ੍ਹੇ ਹਨ ਜਦ ਕਿ ਬਹੁਤ ਜ਼ਰੂਰੀ ਵਸਤਾਂ ਦੁੱਧ ਸਬਜ਼ੀਆਂ ਦੀ ਸਪਲਾਈ ਲੋਕਾਂ ਨੂੰ ਘਰਾਂ ਤੱਕ ਹੋ ਰਹੀ ਹੈ ਅਤੇ ਇਸ ਤੋਂ ਇਲਾਵਾ ਲੋਕ ਆਮ ਵਾਂਗ ਜ਼ਰੂਰੀ ਵਸਤਾਂ ਦੀ ਖ਼ਰੀਦੋ ਫ਼ਰੋਖ਼ਤ ਅਤੇ ਹੋਰ ਕੰਮਾਂ ਲਈ ਬਾਜ਼ਾਰਾਂ ਵਿੱਚ ਜਾ ਰਹੇ ਹਨ ।

ਕਿਸਾਨੀ ਸੈਕਟਰ ਲਈ ਪੰਜਾਬ ਸਰਕਾਰ ਵੱਲੋਂ ਕਣਕ ਦੀ ਵਾਢੀ ਦੇ ਸੀਜ਼ਨ ਦੌਰਾਨ ਕਰਫਿਊ ਵਿੱਚ ਵੀ ਵਿਸ਼ੇਸ਼ ਛੋਟਾਂ ਦੇ ਕੇ ਅਤੇ ਮੰਡੀਆਂ ਦੇ ਵਿੱਚ ਸਮਾਜਿਕ ਦੂਰੀ ਦਾ ਖਿਆਲ ਰੱਖਦਿਆਂ ਪਾਸ ਸਿਸਟਮ ਲਾਗੂ ਕਰਕੇ ਕਣਕ ਦੀ ਨਿਰਵਿਘਨ ਖ਼ਰੀਦ ਕਰਵਾਈ ਗਈ ।ਕਿਸਾਨਾਂ ,ਆੜ੍ਹਤੀਆਂ ਮਜ਼ਦੂਰਾਂ ਨੂੰ ਕਣਕ ਦੀ ਖਰੀਦ ,ਵੇਚ ,ਲਿਫਟਿੰਗ ਅਤੇ ਪੇਮੈਂਟ ਸਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਈ ।ਇਸ ਉਪਰੰਤ ਕਿਸਾਨਾਂ ਵੱਲੋਂ ਝੋਨੇ ਦੀ ਪਨੀਰੀ ਬੀਜਣ ਜਾਂ ਝੋਨੇ ਦੀ ਡੀ ਐੱਸ ਆਰ ਵਿਧੀ ਰਾਹੀਂ ਬਿਜਾਈ ਵੀ ਜੰਗੀ ਪੱਧਰ ਤੇ ਜਾਰੀ ਹੈ ਤੇ ਉਨ੍ਹਾਂ ਨੂੰ ਖਾਦਾਂ ਦਵਾਈਆਂ ਪੈਸਟੀਸਾਈਡ ਅਤੇ ਖੇਤੀ ਸਬੰਧਾਂ ਉਨ੍ਹਾਂ ਦੀ ਮੁਰੰਮਤ ਆਦਿ ਲਈ ਕਿਸੇ ਤਰ੍ਹਾਂ ਦੀ ਵੀ ਦਿੱਕਤ ਪੇਸ਼ ਨਹੀਂ ਆ ਰਹੀ ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਸ਼੍ਰੀ ਕੁਮਾਰ ਸੌਰਵ ਰਾਜ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਕਰਫਿਊ /ਲਾਕਡਾਊਨ ਦੌਰਾਨ ਜ਼ਿਲ੍ਹੇ ਵਿੱਚ ਫਸੇ ਦੂਜੇ ਰਾਜਾਂ ਦੇ ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਉਨ੍ਹਾਂ ਦੇ ਗ੍ਰਹਿ ਰਾਜ ਵਿੱਚ ਭੇਜਣ ਲਈ ਵਿਸ਼ੇਸ਼ ਬੱਸਾਂ ਅਤੇ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ ।ਇਕਾਂਤਵਾਸ ਕੇਂਦਰਾਂ ਵਿੱਚ ਰਹਿ ਰਹੇ ਲੋਕਾਂ ਵਿੱਚੋਂ ਜ਼ਿਆਦਾਤਰ ਲੋਕ ਰਿਪੋਰਟ ਨੈਗਟਿਵ ਆਉਣ ਉਪਰੰਤ ਆਪਣੇ ਘਰਾਂ ਵਿੱਚ ਜਾ ਚੁੱਕੇ ਹਨ ।ਜਦ ਕਿ ਕੁਝ ਕਰੋਨਾ ਪਾਜਟਿਵ ਮਰੀਜ਼ਾਂ ਦਾ ਇਲਾਜ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੀ ਆਈਸੋਲੇਸ਼ਨ ਵਾਰਡ ਵਿੱਚ ਚੱਲ ਰਿਹਾ ਹੈ ।ਪੰਜਾਬ ਸਰਕਾਰ ਵੱਲੋਂ ਦੇਸ਼ ਹਿੱਤ ਅਤੇ ਲੋਕ ਹਿੱਤ ਵਿੱਚ ਕਰਫਿਊ/ਲਾਕ ਡਾਨ ਦੇ ਲਏ ਗਏ ਫਾਸਲੇ ਦੀ ਜਿੱਥੇ ਜ਼ਿਲ੍ਹੇ ਦੇ ਸਮੂਹ ਵਰਗਾਂ ਵੱਲੋਂ ਪ੍ਰਸ਼ੰਸਾ ਕੀਤੀ ਜਾ ਰਹੀ ਹੈ ਉੱਥੇ ਹੀ ਉਨ੍ਹਾਂ ਵੱਲੋਂ ਇਸ ਮਹਾਮਾਰੀ ਨੂੰ ਰੋਕਣ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਲਏ ਗਏ ਤੁਰੰਤ ਫੈਸਲੇ ਨੂੰ ਰਾਜ ਅਤੇ ਇੱਥੋਂ ਦੇ ਲੋਕ ਲਈ ਵੱਡਾ ਅਤੇ ਦੂਰ ਅੰਦੇਸ਼ੀ ਫ਼ੈਸਲਾ ਦੱਸਿਆ ਹੈ।

Dispatch No. I/26722/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਉਰੋ ਵੱਲੋਂ ਵਿਦਿਆਰਥੀਆਂ ਨੂੰ ਘਰ ਬੈਠੇ ਵੀਡਿਉ ਕਾਨਫੰਰਸਿੰਗ ਰਾਹੀਂ ਕਾਊਂਸਲਿੰਗ/ਸਲਾਹ ਦਿੱਤੀ ਜਾ ਰਹੀ ਹੈ

ਸੀ-ਪਾਈਟ ਦੀ ਟ੍ਰੇਨਿੰਗ ਵੀ ਆਨ ਲਾਈਨ ਪ੍ਰਾਪਤ ਕੀਤੀ ਜਾ ਸਕਦੀ ਹੈ-ਪਰਮਿੰਦਰ ਕੌਰ

ਫਰੀਦਕੋਟ 21 ਮਈ ( ) ਜਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫ਼ਸਰ ਸ਼੍ਰੀਮਤੀ ਪਰਮਿੰਦਰ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਚਲਾਏ ਜਾ ਰਹੇ ਘਰ-ਘਰ ਰੋਜ਼ਗਾਰ ਮਿਸ਼ਨ ਤਹਿਤ ਕਰੋਨਾ ਮਹਾਮਾਰੀ ਦੇ ਮੱਦੇਨਜਰ ਬੇਰੁਜ਼ਗਾਰ ਪ੍ਰਾਰਥੀਆਂ ਅਤੇ ਵਿਦਿਆਰਥੀਆਂ ਨੂੰ ਘਰ ਬੈਠੇ ਆਨਲਾਈਨ ਵੀਡਿਓ ਕਾਨਫਰੰਸਿੰਗ ਰਾਹੀਂ ਕਾਊਂਸਲਿੰਗ/ਸਲਾਹ ਦਿੱਤੀ ਜਾ ਰਹੀ ਹੈ ਜਿਸ ਤਹਿਤ ਉਨ੍ਹਾਂ ਨੂੰ ਸਵੈ-ਰੋਜ਼ਗਾਰ ਸਬੰਧੀ ਜਾਣਕਾਰੀ, ਸਰਕਾਰੀ ਅਤੇ ਪ੍ਰਾਈਵੇਟ ਖੇਤਰ ਦੀਆਂ ਨੌਕਰੀਆਂ ਸਬੰਧੀ ਜਾਣਕਾਰੀ, ਸਕਿੱਲ ਡਿਵੈਲਪਮੈਂਟ ਕੋਰਸਾਂ ਸਬੰਧੀ ਜਾਣਕਾਰੀ ਅਤੇ ਪੀ.ਜੀ.ਆਰ.ਕਾਮ ਪੋਰਟਲ ਤੇ ਰਜਿਸਟ੍ਰੇਸ਼ਨ ਕਰਨ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਜਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫ਼ਸਰ ਨੇ ਦੱਸਿਆ ਕਿ ਵੱਧ-ਤੋਂ-ਵੱਧ ਪ੍ਰਾਰਥੀ ਅਤੇ ਵਿਦਿਆਰਥੀ ਘਰ ਬੈਠੇ ਇਸ ਸੁਵਿਧਾਵਾਂ ਦਾ ਲਾਭ ਲੈਣ ਲਈ ਆਪਣਾ ਰੀਜਿਊਮ/ਸੀ.ਵੀ ਦਫ਼ਤਰ ਦੀ ਈਮੇਲ ਆਈਡੀ emp.officefaridkot@yahoo.com ਤੇ ਭੇਜਣ ਦੀ ਕਿਰਪਾਲਤਾ ਕਰਨ।

ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਦੱਸਿਆ ਪੰਜਾਬ ਸਰਕਾਰ ਵਲੋਂ ਸੀ-ਪਾਈਟ ਕੈਂਪਾਂ ਵਲੋਂ ਦਿੱਤੀ ਜਾਂਦੀ ਟ੍ਰੇਨਿੰਗ ਨੂੰ ਆਨ-ਲਾਈਨ ਮਾਧਿਅਮ ਰਾਹੀ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਕੈਂਪ ਵਿੱਚ ਫਰੀਦਕੋਟ ਜਿਲ੍ਹੇ ਨਾਲ ਸਬੰਧਿਤ ਨੌਜਵਾਨ ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ, ਜਿਲ੍ਹਾ ਫਿਰੋਜ਼ਪੁਰ ਤੋਂ ਪ੍ਰਾਪਤ ਕਰ ਸਕਦੇ ਹਨ। ਪੰਜਾਬ ਸਰਕਾਰ ਦਾ ਇਹ ਉਚਿਤ ਉਪਰਾਲਾ ਹੈ ਜਿਸ ਸਦਕਾ ਘਰ ਬੈਠੇ ਨੌਜਵਾਨ ਇਹ ਟ੍ਰੇਨਿੰਗ ਪ੍ਰਾਪਤ ਕਰ ਸਕਦੇ ਹਨ ਅਤੇ ਫੌਜ਼,ਪੁਲਿਸ ਅਤੇ ਪੈਰਾ ਮਿਲਟਰੀ ਸਰਵਿਸ ਆਦਿ ਵਿੱਚ ਭਰਤੀ ਹੋ ਕੇ ਆਪਣੇ ਸੁਪਨੇ ਸਕਾਰ ਕਰ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਨੌਜਵਾਨ ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ, ਜਿਲ੍ਹਾ ਫਿਰੋਜ਼ਪੁਰ ਦੇ ਸੰਪਰਕ ਨੰਬਰਾਂ ਸ਼੍ਰੀ ਸ਼ਿਵ ਕੁਮਾਰ-9877712697 ਤੇ ਸ਼੍ਰੀ ਮਨਦੀਪ ਸਿੰਘ-7009317626 ਤੇ ਸੰਪਰਕ ਕਰ ਸਕਦੇ ਹਨ।